# Nava Nalanda Central Library, TIET, Patiala

Dated 08-JAN-2026

## ਪੋਦਾਰ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਨਵ ਨਾਲੰਦਾ ਕੇਂਦਰੀ ਲਾਇਬ੍ਰੇਰੀ ਦਾ ਟੂਰ ਕੀਤਾ

THAPAR INSTITUTE
OF ENGINEERING & TECHNOLOGY
(Deemed to be University)

ਪੰਜਾਬ ਦੀ ਆਵਾਜ਼ ਅਜੀਤ ®

Dated 08-JAN-2026



ਪੋਡਾਰ ਇੰਟਰਨੈਸ਼ਨਲ ਸਕੂਲ ਪਟਿਆਲਾ ਦੇ ਵਿਦਿਆਰਥੀ ਨਵ ਨਾਲੰਦਾ ਸੈਂਟਰਲ ਲਾਇਬ੍ਰੇਰੀ ਦੇ ਟੂਰ ਦਾ ਦ੍ਰਿਸ਼। ਅਜੀਤ ਤਸਵੀਰ

### ਪੋਡਾਰ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਨਵ ਨਾਲੰਦਾ ਸੈਂਟਰਲ ਲਾਇਬ੍ਰੇਰੀ ਦਾ ਟੂਰ ਕੀਤਾ

ਪਟਿਆਲਾ, 7 ਜਨਵਰੀ (ਧਰਮਿੰਦਰ ਸਿੰਘ ਸਿੱਧੂ)-ਪੋਡਾਰ ਇੰਟਰਨੈਸ਼ਨਲ ਸਕੂਲ ਪਟਿਆਲਾ ਦੇ ਵਿਦਿਆਰਥੀਆਂ ਨੇ ਨਵ ਨਾਲੰਦਾ ਸੈਂਟਰਲ ਲਾਇਬ੍ਰੇਰੀ ਦਾ ਟੂਰ ਕੀਤਾ। ਇਸ ਸਿੱਖਿਆਤਮਕ ਯਾਤਰਾ ਦਾ ਉਦੇਸ਼ ਵਿਦਿਆਰਥੀਆਂ 'ਚ ਪੜ੍ਹਨ ਦੀ ਆਦਤ ਨੂੰ ਉਤਸ਼ਾਹਿਤ ਕਰਨਾ ਅਤੇ ਗਿਆਨ ਪ੍ਰਤੀ ਰੁਚੀ ਵਧਾਉਣਾ ਸੀ। ਲਾਇਬ੍ਰੇਰੀ 'ਚ ਮੌਜੂਦ ਵਿਭਿੰਨ ਵਿਸ਼ਿਆਂ ਦੀਆਂ ਪੁਸਤਕਾਂ, ਸੰਦਰਭ ਸਮਗਰੀ ਅਤੇ ਅਧਿਐਨ ਸਰੋਤਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ। ਇਸ ਦੌਰੇ ਨਾਲ ਵਿਦਿਆਰਥੀਆਂ ਨੇ ਖੋਜਾਤਮਕ ਸੋਚ ਵਿਕਸਿਤ ਕੀਤੀ ਅਤੇ ਸਵੈ-ਅਧਿਐਨ ਦੀ ਮਹੱਤਤਾ ਨੂੰ ਸਮਝਿਆ। ਸਕੂਲ ਪ੍ਰਬੰਧਨ ਵਲੋਂ ਅਜਿਹੀਆਂ ਸਿੱਖਿਆਤਮਕ ਗਤੀਵਿਧੀਆਂ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਦੀ ਸਮੁੱਚੀ ਵਿਕਾਸ ਯਾਤਰਾ ਨੂੰ ਮਜ਼ਬੂਤ ਕਰਨਾ ਹੈ।